ਅਜੀਤ, ਜਲੰਧਰ
ਲੁਧਿਆਣਾ
ਅਜੀਤ
ਸੋਮਵਾਰ, 20 ਅਕਤੂਬਰ 2025

ਨਾਜਾਇਜ਼ ਕਬਜ਼ਾ ਕਰਨ ਅਤੇ ਧਮਕੀਆਂ ਦੇਣ ਦੇ ਮਾਮਲੇ 'ਚ 5 ਖ਼ਿਲਾਫ਼ ਕੇਸ ਦਰਜ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਕਰੋੜਾਂ ਰੁਪਏ ਮੁੱਲ ਦੀ ਜਾਇਦਾਦ 'ਤੇ ਨਾਜਾਇਜ਼ ਕਬਜ਼ੇ ਦੀ ਕੋਸ਼ਿਸ਼ ਅਤੇ ਧਮਕੀਆਂ ਦੇਣ ਦੇ ਮਾਮਲੇ ਵਿਚ 5 ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਵਲੋਂ ਇਹ ਕਾਰਵਾਈ ਪਰਮਜੀਤ ਸਿੰਘ ਗਰੇਵਾਲ ਵਾਸੀ ਪਿੰਡ ਤਲਵਾੜਾ ਦੀ ਸ਼ਿਕਾਇਤ 'ਤੇ ਅਮਲ ਵਿਚ ਲਿਆਂਦੀ ਹੈ ਤੇ ਇਸ ਮਾਮਲੇ ਵਿਚ ਪੁਲਿਸ ਵਲੋਂ ਗੌਰਵ ਜੈਨ ਵਾਸੀ ਪਟੇਲ ਨਗਰ, ਚੇਤਨ ਅਤੇ 3 ਹੋਰਨਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਸ਼ਿਕਾਇਤਕਰਤਾ ਨੇ ਉਕਤ ਕਥਿਤ ਦੋਸ਼ੀਆਂ ਉੱਤੇ ਉਸ ਦੀ ਜਾਇਦਾਦ 'ਤੇ ਨਾਜਾਇਜ਼ ਕਬਜ਼ੇ ਦੀ ਕੋਸ਼ਿਸ਼ ਅਤੇ ਵਿਦੇਸ਼ਾਂ ਤੋਂ ਉਸ ਨੂੰ ਧਮਕੀਆਂ ਭਰੇ ਫ਼ੋਨ ਕਰਵਾਉਣ ਦਾ ਦੋਸ਼ ਲਗਾਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਹਾਲ ਦੀ ਘੜੀ ਇਸ ਮਾਮਲੇ ਵਿਚ ਕੋਈ ਵੀ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ।

ਕੁੱਟਮਾਰ ਦਾ ਮਾਮਲਾ

ਪੁਲਿਸ ਨੇ ਸਿਮਰਨਜੀਤ ਸਿੰਘ ਵਾਸੀ ਹਰਗੋਬਿੰਦ ਨਗਰ ਦੀ ਸ਼ਿਕਾਇਤ 'ਤੇ ਰਾਜੂ ਕੁਮਾਰ ਵਾਸੀ ਕਸ਼ਮੀਰ ਨਗਰ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਉਕਤ ਕਥਿਤ ਦੋਸ਼ੀ ਉੱਤੇ ਉਸ ਦੀ ਬੁਰੀ ਤਰ੍ਹਾਂ ਨਾਲ ਕੁੱਟਮਾਰ ਕਰਨ ਦਾ ਦੋਸ਼ ਲਗਾਇਆ ਹੈ। ਲੜਾਈ ਦਾ ਕਾਰਨ ਨਿੱਜੀ ਰੰਜਿਸ਼ ਦੱਸਿਆ ਜਾਂਦਾ ਹੈ। ਪੁਲਿਸ ਨੇ ਕਥਿਤ ਦੋਸ਼ੀ ਨੂੰ ਕਾਬੂ ਕਰ ਲਿਆ ਹੈ ਤੇ ਪੁੱਛ-ਪੜਤਾਲ ਕੀਤੀ ਜਾ ਰਹੀ ਹੈ।

ਸਾਮਾਨ ਚੋਰੀ

ਪੁਲਿਸ ਨੇ ਮਨੋਜ ਕੁਮਾਰ ਵਾਸੀ ਗੁਰੂ ਨਾਨਕ ਨਗਰ ਦੀ ਸ਼ਿਕਾਇਤ 'ਤੇ ਪਵਨਦੀਪ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਮੁਹੱਲਾ ਗੁਰੂ ਨਾਨਕ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁਢਲੀ ਰਿਪੋਰਟ ਵਿਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਕਥਿਤ ਦੋਸ਼ੀ ਦਾ ਉਸ ਦੇ ਘਰ ਆਉਣਾ ਜਾਣਾ ਸੀ ਅਤੇ ਉਹ ਅਕਸਰ ਹੀ ਨਸ਼ਾ ਕਰਦਾ ਸੀ। ਬੀਤੇ ਦਿਨ ਕਥਿਤ ਦੋਸ਼ੀ ਉਸ ਦੇ ਘਰ ਆਇਆ ਅਤੇ ਘਰ ਵਿਚ ਅਲਮਾਰੀ ਤੋੜ ਕੇ ਸੋਨੇ ਚਾਂਦੀ ਦੇ ਗਹਿਣੇ, ਮੋਬਾਈਲ ਅਤੇ ਹੋਰ ਸਾਮਾਨ ਚੋਰੀ ਕਰਕੇ ਫ਼ਰਾਰ ਹੋ ਗਿਆ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਹਾਲ ਦੀ ਘੜੀ ਇਸ ਮਾਮਲੇ ਵਿਚ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ।

ਮੋਬਾਈਲ ਖੋਹ ਕੇ ਫ਼ਰਾਰ

ਸਥਾਨਕ ਸ਼ਾਹ ਹਸਪਤਾਲ ਮਾਡਲ ਟਾਊਨ ਨੇੜਿਉਂ 2 ਮੋਟਰਸਾਈਕਲ ਸਵਾਰ ਲੁਟੇਰੇ ਰਹੂੰ ਗੁਪਤਾ ਪਾਸੋਂ ਉਸ ਦਾ ਮੋਬਾਈਲ ਖੋਹ ਕੇ ਫ਼ਰਾਰ ਹੋ ਗਏ। ਪੁਲਿਸ ਵਲੋਂ ਇਸ ਸਬੰਧੀ ਕੇਸ ਦਰਜ ਕਰ ਲਿਆ ਤੇ ਜਾਂਚ ਕੀਤੀ ਜਾ ਰਹੀ ਹੈ।

ਭਗਵਾਨ ਵਾਲਮੀਕਿ ਚੌਕ ਦੀ ਸਥਾਪਨਾ ਮੌਕੇ ਨਿਊ ਯੰਗ ਵਾਲਮੀਕਿ ਫੈਡਰੇਸ਼ਨ ਦੇ ਸੀਨੀਅਰ ਵਾਈਸ ਪ੍ਰਧਾਨ ਬਲਵਿੰਦਰ ਡੁਲਗਚ, ਅਕਾਲੀ ਦਲ ਦੇ ਹਲਕਾ ਪੱਛਮੀ ਇੰਚਾਰਜ ਪਰਉਪਕਾਰ ਸਿੰਘ ਘੁੰਮਣ, ਭਾਵਾਧਸ ਦੇ ਰਾਸ਼ਟਰੀ ਨਿਰਦੇਸ਼ਕ ਨਰੇਸ਼ ਧੀਂਗਾਨ ਅਤੇ ਹੋਰ। ਅਜੀਤ ਤਸਵੀਰ

ਭਗਵਾਨ ਵਾਲਮੀਕਿ ਚੌਕ ਦੀ ਕੀਤੀ ਸਥਾਪਨਾ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਨਿਊ ਯੰਗ ਵਾਲਮੀਕਿ ਫੈਡਰੇਸ਼ਨ ਦੇ ਸੀਨੀਅਰ ਵਾਈਸ ਪ੍ਰਧਾਨ ਬਲਵਿੰਦਰ ਡੁਲਗਚ ਦੀ ਅਗਵਾਈ ਵਿਚ ਸਥਾਨਕ ਈ.ਐਸ.ਆਈ. ਹਸਪਤਾਲ ਨੇੜੇ ਭਗਵਾਨ ਵਾਲਮੀਕਿ ਚੌਕ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਅਕਾਲੀ ਦਲ ਦੇ ਹਲਕਾ ਪੱਛਮੀ ਇੰਚਾਰਜ ਪਰਉਪਕਾਰ ਸਿੰਘ ਘੁੰਮਣ ਅਤੇ ਭਾਵਾਧਸ ਦੇ ਰਾਸ਼ਟਰੀ ਨਿਰਦੇਸ਼ਕ ਨਰੇਸ਼ ਧੀਂਗਾਨ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਨਰੇਸ਼ ਧੀਂਗਾਨ ਵਲੋਂ ਵੀਰ ਬਲਵਿੰਦਰ ਡੁਲਗਚ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੇ ਵਿਸ਼ੇਸ਼ ਯਤਨਾਂ ਸਦਕਾ ਸਥਾਪਿਤ ਹੋਏ ਭਗਵਾਨ ਵਾਲਮੀਕਿ ਚੌਕ ਲਈ ਸਮੂਹ ਵਾਲਮੀਕਿ ਸਮਾਜ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਵਾਲ ਗੱਲ ਹੈ ਕਿ ਸ਼ਹਿਰ ਵਿਚ ਭਗਵਾਨ ਵਾਲਮੀਕਿ ਦੇ ਨਾਮ 'ਤੇ ਚੌਕ ਦੀ ਸਥਾਪਨਾ ਕੀਤੀ ਗਈ, ਕਿਉਂਕਿ ਵਾਲਮੀਕਿ ਸਮਾਜ ਦੇ ਆਗੂਆਂ ਵਲੋਂ ਲਗਾਤਾਰ ਲੁਧਿਆਣਾ ਸ਼ਹਿਰ ਵਿਚ ਭਗਵਾਨ ਵਾਲਮੀਕਿ ਚੌਕ ਦੀ ਸਥਾਪਨਾ ਲਈ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਿਗਮ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤੇ ਗਏ ਪ੍ਰੰਤੂ ਹਰ ਵਾਰ ਪ੍ਰਸ਼ਾਸਨ ਵਲੋਂ ਉਨ੍ਹਾਂ ਦੀ ਮੰਗ ਨੂੰ ਨਹੀਂ ਮੰਨਿਆ ਗਿਆ ਅਤੇ ਪਿਛਲੇ ਸਾਲ ਵੀਰ ਬਲਵਿੰਦਰ ਡੁਲਗਚ ਤੇ ਉਨ੍ਹਾਂ ਦੀ ਟੀਮ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਲੜ ਕੇ ਸਥਾਨਕ ਈ.ਐਸ.ਆਈ. ਹਸਪਤਾਲ ਚੌਕ ਦਾ ਨਾਂਅ ਬਦਲ ਕੇ ਭਗਵਾਨ ਵਾਲਮੀਕਿ ਚੌਕ ਰੱਖ ਦਿੱਤਾ ਗਿਆ ਅਤੇ ਅੱਜ ਇੱਥੇ ਸਤਯ ਚਿੰਨ ਦੀ ਸਥਾਪਨਾ ਕਰਨ ਦੇ ਨਾਲ ਸਮੁੱਚਾ ਵਾਲਮੀਕਿ ਸਮਾਜ ਬਹੁਤ ਜ਼ਿਆਦਾ ਗਰਵ ਮਹਿਸੂਸ ਕਰ ਰਿਹਾ ਹੈ। ਇਸ ਮੌਕੇ ਬਲਵਿੰਦਰ ਡੁਲਗਚ ਤੇ ਉਨ੍ਹਾਂ ਦੀ ਟੀਮ ਵਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਆਨੰਦ ਰਾਖਸ਼ਸ਼, ਧਰਮਵੀਰ ਅਨਾਰਿਆ, ਸਚਿਨ ਧੀਂਗਾਨ, ਪਵਨ ਚਨਾਲਿਆ, ਜਤਿੰਦਰ ਸਿੰਘ ਖਾਲਸਾ, ਕਾਲੀ ਮੁੰਗ, ਐਡਵੋਕੇਟ ਰਾਹੁਲ ਪੁਹਾਲ, ਮਿੰਕਲ ਬਿਡਲਾ, ਪੱਪੂ ਮਚਲ, ਚਰਨਪਾਲ ਚੰਨਾ, ਅਕਸੇ ਕੁਮਾਰ, ਸੰਮੀ ਸੰਭੂਕ ਆਦਿ ਹਾਜ਼ਰ ਸਨ।

ਗੋਲਡ ਮੈਡਲਿਸਟ ਅਤੇ ਸਟੇਟ ਐਵਾਰਡੀ ਚੀਮਾ ਨੂੰ ਕੀਤਾ ਸਨਮਾਨਿਤ

ਲਾਡੋਵਾਲ, 19 ਅਕਤੂਬਰ (ਬਲਬੀਰ ਸਿੰਘ ਰਾਣਾ)-ਗੋਲਡ ਮੈਡਲਿਸਟ ਸਟੇਟ ਐਵਾਰਡੀ, ਅੰਤਰਰਾਸ਼ਟਰੀ ਖਿਡਾਰੀ ਅਤੇ ਪੰਚਾਇਤ ਸੈਕਟਰੀ ਰਾਜਿੰਦਰ ਸਿੰਘ ਚੀਮਾ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਵਿਖੇ ਨਤਮਸਤਕ ਹੋਏ, ਜਿੱਥੇ ਉਨ੍ਹਾਂ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਨੇ ਸਿਰੋਪਾਉ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਨੇ ਦੱਸਿਆ ਕਿ ਰਾਜਿੰਦਰ ਸਿੰਘ ਚੀਮਾ ਨੂੰ ਪੂਰਨ ਤੌਰ 'ਤੇ ਵਿਸ਼ਵਾਸ ਦਿਵਾਇਆ ਗਿਆ ਕਿ ਡੇਰੇ ਵਲੋਂ 3 ਦਸੰਬਰ ਨੂੰ ਅੰਗਹੀਣ ਦਿਵਸ ਮੌਕੇ ਨੇਤਰਹੀਣ ਬੱਚਿਆਂ ਦੇ ਖੇਡ ਮੁਕਾਬਲੇ ਕਰਵਾਏ ਜਾਣਗੇ ਅਤੇ ਨੇਤਰਹੀਣ ਫੁੱਟਬਾਲ ਖਿਡਾਰੀਆਂ ਨੂੰ ਬਣਦਾ ਮਾਣ ਸਨਮਾਨ ਵੀ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨੇਤਰਹੀਣ ਬੱਚਿਆਂ ਦੇ ਖੇਡਾਂ ਦੇ ਖੇਡ ਮੁਕਾਬਲੇ ਜਿੱਥੇ ਇੱਕ ਦਾ ਕੇਂਦਰ ਬਣਨਗੇ, ਉਥੇ ਨੌਜਵਾਨਾਂ ਲਈ ਇਹ ਖੇਡਾਂ ਪ੍ਰੇਰਨਾਦਾਇਕ ਹੋਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਦਰਜੀਤ ਸਿੰਘ, ਜਸਵਿੰਦਰ ਸਿੰਘ ਯੂ.ਪੀ, ਡਾ. ਅਮਰਜੋਤ ਸਿੰਘ ਸੰਧੂ, ਸੁਖਬੀਰ ਸਿੰਘ ਅਤੇ ਜਗਤਾਰ ਸਿੰਘ ਆਦਿ ਵੀ ਹਾਜ਼ਰ ਸਨ।

ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਵਿਖੇ ਰਜਿੰਦਰ ਸਿੰਘ ਚੀਮਾ ਨੂੰ ਸਨਮਾਨਿਤ ਕਰਦੇ ਹੋਏ ਸੰਤ ਬਾਬਾ ਸੁਖਵਿੰਦਰ ਸਿੰਘ ਆਲੋਵਾਲ। ਤਸਵੀਰ-ਬਲਬੀਰ ਸਿੰਘ ਰਾਣਾ

ਬੀ.ਸੀ.ਐਮ. ਆਰੀਆ ਸਕੂਲ, ਲਲਤੋਂ ਵਲੋਂ ਮਨਾਏ ਦੀਵਾਲੀ ਮੇਲੇ ਦੌਰਾਨ ਆਪਣੀ ਅਦਾਕਾਰੀ ਦੇ ਜੌਹਰ ਦਿਖਾ ਰਹੀਆਂ ਵਿਦਿਆਰਥਣਾਂ।

ਡੀ.ਏ.ਵੀ. ਪਬਲਿਕ ਸਕੂਲ ਦੇ ਆਰੀਆ ਯੁਵਾ ਸਮਾਜ ਦੇ ਵਲੰਟੀਅਰ ਲੋੜਵੰਦਾਂ ਨਾਲ ਖ਼ੁਸ਼ੀਆਂ ਸਾਂਝੀਆਂ ਕਰਨ ਲਈ ਵਿਦਿਆਰਥੀ ਬਾਲਾਜੀ ਪ੍ਰੇਮ ਆਸ਼ਰਮ, ਨਿਖਿਲ ਵਿਦਿਆਲਿਆ ਲਈ ਲਿਆਂਦੇ ਗਏ ਤੋਹਫ਼ਿਆਂ ਨਾਲ।

ਸੈਕਰਡ ਸੋਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਵਿਖੇ ਦੀਵਾਲੀ ਮਨਾਉਣ ਮੌਕੇ ਪੂਜਾ ਕਰ ਰਹੇ ਵਿਦਿਆਰਥੀ। ਤਸਵੀਰ : ਮਨਜੀਤ ਸਿੰਘ ਦੁੱਗਰੀ

ਵੱਖ-ਵੱਖ ਸਕੂਲਾਂ 'ਚ ਦੀਵਾਲੀ ਦਾ ਤਿਉਹਾਰ ਗਰਮ ਜੋਸ਼ੀ ਨਾਲ ਮਨਾਇਆ

ਅਧਿਆਪਕਾਂ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਤੋਂ ਜਾਣੂ ਕਰਵਾਇਆ

ਫੁੱਲਾਂਵਾਲ/ਇਆਲੀ/ਥਰੀਕੇ, 19 ਅਕਤੂਬਰ (ਮਨਜੀਤ ਸਿੰਘ ਦੁੱਗਰੀ)-ਫੁੱਲਾਂਵਾਲ, ਇਆਲੀ/ਥਰੀਕੇ ਅਧੀਨ ਆਉਂਦੇ ਵੱਖ-ਵੱਖ ਇਲਾਕਿਆਂ 'ਚ ਵੱਖ-ਵੱਖ ਸਕੂਲਾਂ ਵਿਚ ਦੀਵਾਲੀ ਤਿਉਹਾਰ ਬਹੁਤ ਗਰਮ ਜੋਸ਼ੀ ਨਾਲ ਮਨਾਇਆਂ ਗਿਆ ਅਤੇ ਅਧਿਆਪਕਾਂ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਤੋਂ ਵੀ ਜਾਣੂ ਕਰਵਾਇਆ।

ਬੀ.ਸੀ.ਐਮ. ਆਰੀਆ ਸਕੂਲ ਲਲਤੋਂ

ਬੀ.ਸੀ.ਐਮ. ਆਰੀਆ ਸਕੂਲ, ਲਲਤੋਂ ਵਲੋਂ ਉਤਸ਼ਾਹ ਅਤੇ ਜੋਸ਼ ਨਾਲ ਕਲਾ ਉਤਸਵ ਅਤੇ ਦੀਵਾਲੀ ਮੇਲਾ ਮਨਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਡਿੰਪਲ ਮਦਾਨ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੂੰ ਸਕੂਲ ਮੈਨੇਜਰ ਸੰਜੇ ਖੋਸਲਾ ਅਤੇ ਡਾਇਰੈਕਟਰ ਡਾ. ਪਰਮਜੀਤ ਕੌਰ ਨੇ ਜੀ ਆਇਆਂ ਕਿਹਾ। ਇਸ ਮੌਕੇ ਲਗਾਈ ਪ੍ਰਦਰਸ਼ਨੀ ਵਿਚ ਵੱਖ-ਵੱਖ ਥੀਮ ਗਣਿਤ ਹੱਬ, ਸਾਇਨੋਵਾ (ਵਿਗਿਆਨਕ ਨਵੀਨਤਾ), ਟੈਂਕ ਵਰਲਡ, ਗੁਰੂਕੁਲਿਅਮ, ਹਿੰਦੀ ਪ੍ਰਦਰਸ਼ਨੀ, ਪੰਜਾਬੀ ਸਭਿਆਚਾਰ ਅਤੇ ਭਾਸ਼ਾ ਲੈਂਜ ਵਰਗੀਆਂ ਸਟਾਲਾਂ ਲਗਾਈਆਂ ਗਈਆਂ, ਦੇ ਰਾਹੀਂ ਵਿਦਿਆਰਥੀਆਂ ਨੇ ਨਵਚੇਤਨਾ, ਆਲੋਚਨਾਤਮਿਕ ਸੋਚ ਅਤੇ ਟੀਮ ਵਰਕ ਨੂੰ ਦਰਸਾਉਂਦੀਆਂ ਰਚਨਾਤਮਿਕ ਅਤੇ ਜਾਣਕਾਰੀ ਭਰਪੂਰ ਝਲਕ ਪੇਸ਼ ਕੀਤੀ। ਮੇਲੇ ਵਿਚ ਖਾਣ-ਪੀਣ ਦੇ ਸਟਾਲ, ਖੇਡਾਂ, ਝੂਲੇ ਅਤੇ ਸਜਾਵਟੀ ਚੀਜ਼ਾਂ ਦੇ ਖ਼ੂਬਸੂਰਤ ਸਟਾਲ ਲਗਾਏ ਗਏ ਸਨ, ਜਿਸ ਨੇ ਮਾਹੌਲ ਜੀਵੰਤ ਅਤੇ ਖ਼ੁਸ਼ਗਵਾਰ ਬਣ ਗਿਆ। ਸਕੂਲ ਪ੍ਰਿੰਸੀਪਲ ਕ੍ਰਿਤਿਕਾ ਸੇਠ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਸਮਾਗਮ ਨੇ ਸਿੱਖਿਆ, ਰਚਨਾਤਮਿਕਤਾ, ਸਭਿਆਚਾਰ ਅਤੇ ਤਿਉਹਾਰ ਨੂੰ ਸੁੰਦਰ ਢੰਗ ਨਾਲ ਜੋੜ ਕੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪ੍ਰਤਿਭਾ ਪ੍ਰਦਰਸ਼ਨ ਲਈ ਖ਼ੁਸ਼ੀ ਭਰਿਆ ਮੰਚ ਪ੍ਰਦਾਨ ਕੀਤਾ।

ਡੀ.ਏ.ਵੀ. ਪਬਲਿਕ ਸਕੂਲ ਪੱਖੋਵਾਲ ਸੜਕ

ਡੀ.ਏ.ਵੀ. ਪਬਲਿਕ ਸਕੂਲ ਪੱਖੋਵਾਲ ਸੜਕ ਲੁਧਿਆਣਾ ਦੇ ਆਰੀਆ ਯੁਵਾ ਸਮਾਜ ਦੇ ਵਲੰਟੀਅਰਾਂ ਨੇ ਦੀਵਾਲੀ ਮੌਕੇ ਲੋੜਵੰਦਾਂ ਨਾਲ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਸਕੂਲ ਦੇ ਵਿਦਿਆਰਥੀ ਸ੍ਰੀ ਬਾਲਾਜੀ ਪ੍ਰੇਮ ਆਸ਼ਰਮ, ਨਿਖਿਲ ਵਿਦਿਆਲਿਆ ਦੇ ਵਿਦਿਆਰਥੀਆਂ ਅਤੇ ਬਿਰਧ ਆਸ਼ਰਮ ਦੇ ਬਜ਼ੁਰਗਾਂ ਨੂੰ ਦਾਅਵਤ ਦੇਣ ਲਈ ਮਠਿਆਈਆਂ, ਫਲ, ਬੇਕਰੀ, ਕਰਿਆਨੇ ਅਤੇ ਦੀਵਾਲੀ ਸਜਾਵਟ ਦੀਆਂ ਚੀਜ਼ਾਂ ਤੋਹਫ਼ੇ ਲੈ ਕੇ ਗਏ। ਦੋਵਾਂ ਆਸ਼ਰਮਾਂ ਦੇ ਨਿਵਾਸੀਆਂ ਨੇ ਟੀਮ ਮੈਂਬਰਾਂ ਦਾ ਪਿਆਰ ਨਾਲ ਸਵਾਗਤ ਕੀਤਾ। ਵਿਦਿਆਰਥੀਆਂ ਨੇ ਬਜ਼ੁਰਗਾਂ ਪ੍ਰਤੀ ਆਪਣੀ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਨਾਲ ਗੱਲਬਾਤ ਕਰਕੇ ਸੋਹਣਾ ਅਤੇ ਯਾਦਗਾਰ ਸਮਾਂ ਬਤੀਤ ਕੀਤਾ। ਕੋਆਰਡੀਨੇਟਰ ਸ਼ਵੇਤਾ ਕਪਲਿਸ਼, (ਸਕੂਲ ਆਰੀਆ ਯੁਵਾ ਸਮਾਜ ਯੂਨਿਟ) ਨੇ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਅਤੇ ਉਪਰਾਲਿਆਂ ਰਾਹੀਂ ਨੌਜਵਾਨ ਵਿਦਿਆਰਥੀਆਂ 'ਚ ਪਰਉਪਕਾਰ ਅਤੇ ਨਿਸ਼ਕਾਮ ਸੇਵਾ ਦੀਆਂ ਕਦਰਾਂ-ਕੀਮਤਾਂ ਵਿਕਸਿਤ ਹੁੰਦੀਆਂ ਹਨ। ਪ੍ਰਿੰਸੀਪਲ ਡਾ.ਸਤਵੰਤ ਕੌਰ ਭੁੱਲਰ ਨੇ ਸਾਰਿਆਂ ਨੂੰ ਦਿਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

ਦਸਮੇਸ਼ ਪਬਲਿਕ ਹਾਈ ਸਕੂਲ ਲਲਤੋਂ ਕਲਾਂ ਵਿਖੇ ਦਿਵਾਲੀ ਮੇਲੇ ਦੌਰਾਨ ਵਿਦਿਆਰਥਣਾਂ ਆਪਣੇ ਵਲੋਂ ਲਗਾਏ ਗਏ ਸਟਾਲ।

ਸੈਕਰਡ ਸੋਲ ਕਾਨਵੈਂਟ ਸਕੂਲ ਧਾਂਦਰਾ ਸੜਕ

ਸੈਕਰਡ ਸੋਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਦੁੱਗਰੀ ਧਾਂਦਰਾ ਸੜਕ ਵਿਖੇ ਦੀਵਾਲੀ ਬਹੁਤ ਹੀ ਉਤਸ਼ਾਹ ਨਾਲ ਮਨਾਈ ਗਈ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਵਿਚ ਵਿਦਿਆਰਥੀਆਂ ਨੂੰ ਦੀਵਾਲੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਇਸ ਸ਼ੁੱਭ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗੀਤਾਂ 'ਤੇ ਨਾਚ ਪੇਸ਼ ਕੀਤੇ, ਉਨ੍ਹਾਂ ਵਿਚਕਾਰ ਦੀਵਾਲੀ ਨਾਲ ਸੰਬੰਧਿਤ ਕਈ ਗਤੀਵਿਧੀਆਂ ਦੀਵਾ, ਮੋਮਬੱਤੀ ਸਜਾਵਟ ਅਤੇ ਰੰਗੋਲੀ ਆਦਿ ਦੇ ਮੁਕਾਬਲੇ ਕਰਵਾਏ ਗਏ। ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਦੇਵੀ ਲਕਸ਼ਮੀ ਦੀ ਪੂਜਾ ਕੀਤੀ। ਸਕੂਲ ਦੇ ਚੇਅਰਮੈਨ ਗੁਰਮੇਲ ਸਿੰਘ ਗਿੱਲ, ਡਾਇਰੈਕਟਰ ਸੁਖਦੀਪ ਗਿੱਲ ਅਤੇ ਪ੍ਰਿੰਸੀਪਲ ਸ਼ਿਖਾ ਗਿੱਲ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੀ ਮਹੱਤਤਾ ਬਾਰੇ ਦੱਸਿਆ।

ਦੂਨ ਔਕਸਫੋਰਡ ਸਕੂਲ ਠੱਕਰਵਾਲ

ਦੂਨ ਔਕਸਫੋਰਡ ਸਕੂਲ (ਸੀਨੀਅਰ ਸੈਕੰਡਰੀ) ਠੱਕਰਵਾਲ ਵਿਖੇ ਦੀਵਾਲੀ ਬੜੀ ਹੀ ਧੂਮਧਾਮ ਨਾਲ ਮਨਾਈ ਗਈ। ਇਸ ਮੌਕੇ ਕਿੰਡਰ ਗਾਰਟਨ ਦੇ ਬੱਚਿਆਂ ਤੋਂ ਲੈ ਕੇ ਪੰਜਵੀਂ ਜਮਾਤ ਦੇ ਬੱਚਿਆਂ ਨੇ ਦੀਵੇ, ਮੋਮਬਤੀਆਂ ਦੀ ਸਜਾਵਟ, ਰੰਗੋਲੀ ਅਤੇ ਵੱਖ-ਵੱਖ ਪ੍ਰਕਾਰ ਦੀਆਂ ਗਤੀਵਿਧੀਆ